**File No.DIPR-PRSS0PRS1(356)/1667/2020-DPRO Amritsar**

**I/30681/2020**

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

ਅੰਮ੍ਰਿਤਸਰ ਜਿਲੇ ਨੇ ਅਨਾਜ ਭੰਡਾਰ ਵਿਚ 6.13 ਲੱਖ ਮੀਟਰਕ ਟਨ ਕਣਕ ਦਾ ਯੋਗਦਾਨ ਪਾਇਆ-ਡਿਪਟੀ ਕਮਿਸ਼ਨਰ

ਜਿਲਾ ਖੁਰਾਕ ਤੇ ਸਿਵਲ ਸਪਲਾਈ ਅਧਿਕਾਰੀ ਵੱਲੋਂ ਸੁਰੱਖਿਅਤ ਖਰੀਦ ਲਈ ਸਾਰੀਆਂ ਧਿਰਾਂ ਦਾ ਧੰਨਵਾਦ

ਅੰਮ੍ਰਿਤਸਰ, 3 ਜੂਨ ( )-ਅੰਮ੍ਰਿਤਸਰ ਜਿਲੇ ਦੇ ਕਿਸਾਨਾਂ ਨੇ ਇਸ ਵਾਰ ਅਨਾਜ ਭੰਡਾਰ ਵਿਚ 613551.47 ਮੀਟਰਕ ਟਨ ਕਣਕ ਦਾ ਯੋਗਦਾਨ ਪਾਇਆ ਹੈ ਅਤੇ ਸਮੁੱਚੀ ਖਰੀਦ ਬੜੀ ਸੁਰੱਖਿਅਤ ਢੰਗ ਨਾਲ ਪੂਰੀ ਕੀਤੀ ਗਈ ਹੈ , ਜਿਸ ਲਈ ਕਿਸਾਨਾਂ ਦੇ ਨਾਲ-ਨਾਲ ਮੰਡੀ ਵਿਚ ਕੰਮ ਕਰਦੇ ਮਜ਼ਦੂਰ, ਆੜਤੀਏ, ਖਰੀਦ ਏਜੰਸੀਆਂ ਦੇ ਅਧਿਕਾਰੀ, ਕਰਮਚਾਰੀ ਤੇ ਟਰਾਂਸਪੋਰਟ ਖੇਤਰ ਦੇ ਲੋਕ ਵਧਾਈ ਦੇ ਪਾਤਰ ਹਨ। ਉਕਤ ਸਬਦਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿੱਲੋਂ ਨੇ ਕਰਦੇ ਕਿਹਾ ਕਿ ਪਹਿਲੀ ਵਾਰ ਸੀ ਕਿ ਕੋਰੋਨਾ ਵਾਇਰਸ ਦੇ ਚੱਲਦੇ ਕਣਕ ਦੇ ਸੀਜ਼ਨ ਵਿਚ ਸਿਹਤ-ਸੁਰੱਖਿਆ ਨੂੰ ਲੈ ਕੇ ਸਾਵਧਾਨੀਆਂ ਅਪਨਾਉਣ ਦਾ ਸੱਦਾ ਸਿਹਤ ਵਿਭਾਗ ਵੱਲੋਂ ਦਿੱਤਾ ਗਿਆ ਸੀ , ਜਿਸ ਉਤੇ ਫੁੱਲ ਚੜਾਉਂਦੇ ਸਾਰੇ ਲੋਕਾਂ ਨੇ ਜ਼ਰੂਰੀ ਹਦਾਇਤਾਂ ਦਾ ਪਾਲਣ ਕਰਦੇ ਹੋਏ ਮੰਡੀ ਵਿਚ ਕੰਮ-ਧੰਦਾ ਕੀਤਾ। ਉਨਾਂ ਦੱਸਿਆ ਕਿ ਮੰਡੀ ਵਿਚ ਖਰੀਦ ਕੀਤੀ ਕਣਕ ਦੀ 1127 ਕਰੋੜ ਤੋਂ ਵੱਧ ਦੀ ਅਦਾਇਗੀ, ਜੋ ਕਿ ਖਰੀਦ ਕੀਮਤ ਦਾ ਕਰੀਬ 99 ਫੀਸਦੀ ਬਣਦੀ ਹੈ, ਕਿਸਾਨਾਂ ਨੂੰ ਕੀਤੀ ਜਾ ਚੁੱਕੀ ਹੈ। ਉਨਾਂ ਦੱਸਿਆ ਕਿ ਲਿਫਟਿੰਗ ਦਾ ਕੰਮ ਵੀ 98 ਫੀਸਦੀ ਪੂਰਾ ਹੋ ਚੁੱਕਾ ਹੈ ਅਤੇ ਅਗਲੇ ਇਕ-ਦੋ ਦਿਨਾਂ ਤੱਕ ਸਾਰਾ ਕੰਮ ਪੂਰਾ ਹੋਣ ਦੀ ਆਸ ਹੈ।

ਇਸ ਮੌਕੇ ਜਿਲਾ ਖੁਰਾਕ ਤੇ ਸਪਲਾਈ ਅਧਿਕਾਰੀ ਸ. ਲਖਵਿੰਦਰ ਸਿੰਘ ਨੇ ਦੱਸਿਆ ਕਿ 31 ਮਈ ਤੱਕ ਸਰਕਾਰੀ ਖ੍ਰੀਦ ਕੀਤੀ ਗਈ ਅਤੇ ਇਸ ਸਮੇਂ ਦੌਰਾਨ ਜਿਲੇ ਦੀਆਂ ਮੰਡੀਆਂ ਵਿਚ ਆਈ 6 ਲੱਖ 13 ਹਜ਼ਾਰ ਮੀਟਰਕ ਟਨ ਕਣਕ ਵਿਚੋਂ ਪਨਗ੍ਰੇਨ ਵੱਲੋਂ ਹੀ 164913.82 ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਗਈ , ਜਦਕਿ ਮਾਰਕਫੈੱਡ ਵੱਲੋਂ 130566.85 ਮੀਟ੍ਰਿਕ ਟਨ, ਪਨਸਪ ਵੱਲੋਂ 122143.45 ਮੀਟ੍ਰਿਕ ਟਨ, ਪੰਜਾਬ ਸਟੇਟ ਵੇਅਰਹਾਊਸਿੰਗ ਕਾਰਪੋਰੇਸ਼ਨ ਵਲੋਂ 101463 ਮੀਟ੍ਰਿਕ ਟਨ ਅਤੇ ਕੇਂਦਰ ਸਰਕਾਰ ਦੀ ਏਜੰਸੀ ਐਫ.ਸੀ.ਆਈ. ਵੱਲੋਂ 88986 ਮੀਟ੍ਰਿਕ ਟਨ ਕਣਕ ਖ਼ਰੀਦੀ ਕੀਤੀ ਗਈ ਹੈ। ਇਸ ਤੋਂ ਇਲਾਵਾ ਵਪਾਰੀਆਂ ਵੱਲੋਂ 5478 ਮੀਟਰਕ ਟਨ ਕਣਕ ਖਰੀਦੀ ਗਈ।

ਉਨਾਂ ਦੱਸਿਆ ਕਿ ਸਾਰੀ ਕਣਕ ਦਾ ਅਦਾਇਗੀ 1170.50 ਕਰੋੜ ਰੁਪਏ ਬਣਦੀ ਹੈ, ਜਿਸ ਵਿਚੋਂ ਨਾ-ਮਾਤਰ ਅਦਾਇਗੀ ਹੀ ਬਾਕੀ ਰਹਿ ਗਈ ਹੈ। ਉਨਾਂ ਕਣਕ ਦੀ ਖ੍ਰੀਦ ਵਿਚ ਲੱਗੇ ਕਿਸਾਨਾਂ , ਮਜ਼ਦੂਰਾਂ, ਆੜਤੀਆਂ, ਟਰੱਕ ਡਰਾਇਵਰਾਂ ਤੇ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਦਾ ਧੰਨਵਾਦ ਕੀਤਾ , ਜਿੰਨਾ ਨੇ ਸਿਹਤ ਦਾ ਧਿਆਨ ਰੱਖਦੇ ਹੋਏ ਸਾਰੀਆਂ ਸਾਵਧਾਨੀਆਂ ਅਪਨਾ ਕੇ ਖਰੀਦ ਦਾ ਵੱਡਾ ਕੰਮ ਸੁਰੱਖਿਅਤ ਪੂਰਾ ਕੀਤਾ।

==========

**File No.DIPR-PRSS0PRS1(356)/1667/2020-DPRO Amritsar**

**I/30683/2020**

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

ਕੋਵਿਡ ਉਤੇ ਫ਼ਤਿਹ ਪਾਉਣ ਲਈ ਮੁੱਖ ਮੰਤਰੀ ਵੱਲੋਂ 'ਮਿਸ਼ਨ ਫ਼ਤਿਹ ' ਗੀਤ ਲਾਂਚ

ਸਿਨੇਮਾ ਹਸਤੀਆਂ ਤੋਂ ਇਲਾਵਾ, ਗਾਇਕਾਂ, ਕਲਾਕਾਰਾਂ ਅਤੇ ਖਿਡਾਰੀਆਂ ਨੇ ਦਿੱਤੀ ਪੇਸ਼ਕਾਰੀ

ਅੰਮ੍ਰਿਤਸਰ, 3 ਜੂਨ ( )-ਕੋਵਿਡ ਖ਼ਿਲਾਫ਼ ਜਾਗਰੂਕਤਾ ਅਤੇ ਮਾਨਸਿਕ ਢਾਰਸ ਵਜੋਂ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵੱਲੋਂ ਮਿਸ਼ਨ ਫਤਿਹ ਗੀਤ ਲਾਂਚ ਕੀਤਾ ਗਿਆ। ਇਸ ਗੀਤ ਵਿੱਚ ਉੱਘੇ ਅਦਾਕਾਰ ਅਮਿਤਾਭ ਬੱਚਨ, ਕਰੀਨਾ ਕਪੂਰ, ਗੁਰਦਾਸ ਮਾਨ ਅਤੇ ਹਰਭਜਨ ਸਿੰਘ ਤੋਂ ਇਲਾਵਾ ਖੇਡਾਂ ਅਤੇ ਪੰਜਾਬੀ ਸਿਨੇਮਾ ਦੀਆਂ ਸ਼ਖਸੀਅਤਾਂ ਵੱਲੋਂ ਪੇਸ਼ਕਾਰੀ ਦਿੱਤੀ ਗਈ ਹੈ, ਜਿਸ ਵਿੱਚ ਵਾਇਰਸ ਨੂੰ ਹਰਾਉਣ ਅਤੇ ਪੰਜਾਬ ਨੂੰ ਬਚਾਉਣ ਲਈ ਸੰਕਲਪ ਅਤੇ ਅਨੁਸ਼ਾਸਨ ਦਾ ਸੁਨੇਹਾ ਦਿੱਤਾ ਗਿਆ ਹੈ।

ਸਾਰਿਆਂ ਨੂੰ ਅੱਗੇ ਆਉਣ ਅਤੇ ਰੋਕਥਾਮ ਉਪਾਵਾਂ ਬਾਰੇ ਜਾਣਕਾਰੀ ਦੇ ਪ੍ਰਸਾਰ ਨਾਲ ਕੀਮਤੀ ਜਾਨਾਂ ਬਚਾਉਣ ਲਈ ਰਾਜ ਦੇ ਯਤਨਾਂ ਨੂੰ ਪੂਰਕ ਬਣਾਉਣ ਦੀ ਅਪੀਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਹਰ ਇੱਕ ਦੇ ਸਹਿਯੋਗ ਨਾਲ ਪੰਜਾਬ ਇਸ ਵਾਇਰਸ ਦੇ ਫੈਲਾਅ ਨੂੰ ਕਾਬੂ ਕਰਨ ਵਿੱਚ ਬਹੁਤ ਹੱਦ ਤੱਕ ਸਫਲ ਰਿਹਾ ਹੈ। ਉਨਾਂ ਕਿਹਾ ਕਿ ਜੰਗ ਅਜੇ ਖ਼ਤਮ ਨਹੀਂ ਹੋਈ ਅਤੇ ਲੋਕਾਂ ਨੂੰ ਜਾਗਰੂਕ ਰਹਿਣ ਅਤੇ ਸਮਾਜਿਕ ਦੂਰੀ ਦੇ ਸਾਰੇ ਨਿਯਮਾਂ ਦੀ ਪਾਲਣਾ ਕਰਨ ਦੀ ਅਪੀਲ ਕੀਤੀ।

ਇਸ ਗੀਤ ਵਿਚ ਸੋਨੂੰ ਸੂਦ ਦੇ ਨਾਲ ਪੰਜਾਬ ਪੁਲਿਸ ਦੇ ਏਐਸਆਈ ਹਰਜੀਤ ਸਿੰਘ ਅਤੇ ਟਿਕਟੌਕ ਸਟਾਰ ਨੂਰ ਵੀ ਸ਼ਾਮਲ ਹਨ। ਮਿਊਜ਼ਿਕ ਡਾਇਰੈਕਟਰ ਅਤੇ ਗਾਇਕ ਬੀ. ਪ੍ਰਾਕ ਨੇ ਇਹ ਗੀਤ ਗਾਇਆ ਹੈ। ਕੋਵਿਡ 19 ਉੱਤੇ ਫਤਹਿ ਪਾਉਣ ਵਾਸਤੇ ਸਮਾਜਿਕ ਦੂਰੀ ਬਣਾਈ ਰੱਖਣ, ਬਾਹਰ ਜਾਣ ਸਮੇਂ ਮਾਸਕ ਪਹਿਨਣ ਅਤੇ ਨਿਯਮਤ ਤੌਰ ਤੇ ਹੱਥ ਧੋਣ ਦਾ ਸੰਦੇਸ਼ ਦੇਣ ਲਈ ਇਹ ਗਾਣਾ ਇਕ ਵਿਲੱਖਣ ਪਹਿਲ ਹੈ।

ਪੇਸ਼ਕਾਰੀ ਵਿਚ ਸੋਹਾ ਅਲੀ ਖਾਨ , ਰਣਦੀਪ ਹੁੱਡਾ ਅਤੇ ਰਣਵਿਜੈ ਤੋਂ ਇਲਾਵਾ ਪੰਜਾਬੀ ਫਿਲਮ ਅਤੇ ਸੰਗੀਤ ਉਦਯੋਗ ਦੇ ਸਿਤਾਰੇ ਜਿਵੇਂ ਗਿੱਪੀ ਗਰੇਵਾਲ , ਐਮੀ ਵਿਰਕ, ਜੈਜ਼ੀ ਬੀ, ਬਿੱਨੂੰ ਢਿੱਲੋਂ, ਪੰਮੀ ਬਾਈ, ਜਸਬੀਰ ਜੱਸੀ, ਰਾਜਵੀਰ ਜਵੰਦਾ, ਰੁਬੀਨਾ ਬਾਜਵਾ ਕੁਲਵਿੰਦਰ ਬਿੱਲਾ, ਕਰਮਜੀਤ ਅਨਮੋਲ, ਸਿੰਘਾ, ਤਰਸੇਮ ਜੱਸੜ , ਲਖਵਿੰਦਰ ਵਡਾਲੀ, ਹਰਜੀਤ ਹਰਮਨ, ਗੁਰਨਜ਼ਰ, ਬੱਬਲ ਰਾਏ, ਜਾਨੀ, ਕੁਲਰਾਜ ਰੰਧਾਵਾ, ਸ਼ਿਵਜੋਤ, ਹੈਪੀ ਰਾਏਕੋਟੀ, ਅਫਸਾਨਾ ਖਾਨ, ਨਿੰਜਾ, ਅਤਿਸ਼, ਤਨਿਸ਼ਕ ਕੌਰ ਅਤੇ ਆਰੁਸ਼ੀ ਸ਼ਾਮਲ ਹਨ।

ਕੈਪਟਨ ਅਮਰਿੰਦਰ ਸਿੰਘ ਦੇ ਫੇਸਬੁੱਕ ਪੇਜ 'ਤੇ ਅਪਲੋਡ ਕੀਤੇ ਗਏ ਇਸ ਗਾਣੇ ' ਚ ਕ੍ਰਿਕਟਰ ਹਰਭਜਨ ਸਿੰਘ , ਅੰਜੁਮ ਮੌਦਗਿੱਲ ਅਤੇ ਅਵਨੀਤ ਸਿੱਧੂ ਸਣੇ ਕਈ ਪ੍ਰਮੁੱਖ ਖੇਡ ਸ਼ਖਸੀਅਤਾਂ ਅਤੇ ਬੀ ਪ੍ਰਾਕ, ਜਿਸ ਨੇ ਪਹਿਲਾਂ ਹੀ ਆਪਣੇ ਦੇਸ਼ ਭਗਤੀ ਵਾਲੇ ਗੀਤ ਤੇਰੀ ਮਿੱਟੀ ਲਈ ਦੇਸ਼ ਦਾ ਦਿਲ ਜਿੱਤਿਆ ਹੈ ,ਨੂੰ ਵੀ ਪੇਸ਼ ਕੀਤਾ ਗਿਆ। ਇਹ ਗਾਣਾ ਵੱਖ-ਵੱਖ ਟੈਲੀਵਿਜ਼ਨ ਅਤੇ ਰੇਡੀਓ ਚੈਨਲਾਂ 'ਤੇ ਵੀ ਪ੍ਰਸਾਰਿਤ ਕੀਤਾ ਜਾਵੇਗਾ ਤਾਂ ਕਿ ਕੋਵਿਡ 19 ਵਿਰੁੱਧ ਸਮੂਹਿਕ ਤੌਰ' ਤੇ ਲੜਨ ਦਾ ਸੰਦੇਸ਼ ਪੰਜਾਬ ਦੇ ਹਰ ਘਰ ਤੱਕ ਪਹੁੰਚੇ।

============

**File No.DIPR-PRSS0PRS1(356)/1667/2020-DPRO Amritsar**

**I/30686/2020**

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

ਕੋਵਿਡ ਉਤੇ ਫ਼ਤਿਹ ਪਾਉਣੀ ਹੈ ਤਾਂ ਮਾਸਕ ਤੋਂ ਬਿਨਾਂ ਘਰੋਂ ਬਾਹਰ ਨਾ ਨਿਕਲੋ-ਸੋਨੀ

ਮਾਤਾ ਵੈਸ਼ਨੋ ਦੇਵੀ ਮੇਘ ਧਰਮਸ਼ਾਲਾ ਲਈ ਦਿੱਤੇ 2 ਲੱਖ ਰੁਪਏ

ਅੰਮ੍ਰਿਤਸਰ, 3 ਜੂਨ ( )-ਕੋਵਿਡ 19 ਦੇ ਖਾਤਮੇ ਲਈ ਪੰਜਾਬ ਸਰਕਾਰ ਵੱਲੋਂ ਜਨਤਕ ਥਾਵਾਂ ਉਤੇ ਮਾਸਕ ਪਾਉਣਾ ਲਾਜ਼ਮੀ ਕਰਾਰ ਦਿੱਤਾ ਗਿਆ ਹੈ ਅਤੇ ਘਰ ਤੋਂ ਬਾਹਰ ਆਉਂਦਾ ਹਰੇਕ ਵਿਅਕਤੀ ਮਾਸਕ ਤੋਂ ਬਿਨਾਂ ਘਰੋਂ ਨਾ ਨਿਕਲੇ। ਉਕਤ ਸਬਦਾਂ ਦਾ ਪ੍ਰਗਟਾਵਾ ਡਾਕਟਰੀ ਸਿੱਖਿਆ ਤੇ ਖੋਜ ਮੰਤਰੀ ਸ੍ਰੀ ਓ ਪੀ ਸੋਨੀ ਨੇ ਮਾਤਾ ਵੈਸ਼ਨੋ ਦੇਵੀ ਮੇਘ ਧਰਮਸ਼ਾਲਾ ਦੇ ਵਿਕਾਸ ਲਈ ਉਸਦੇ ਪ੍ਰਬੰਧਕਾਂ ਨੂੰ 2 ਲੱਖ ਰੁਪਏ ਦਾ ਚੈਕ ਦੇਣ ਮੌਕੇ ਪ੍ਰੈਸ ਨਾਲ ਗੱਲਬਾਤ ਕਰਦੇ ਕੀਤਾ। ਉਨਾਂ ਕਿਹਾ ਕਿ ਜੇਕਰ ਕੋਵਿਡ ਉਤੇ ਫਿਤਹਿ ਪਾਉਣੀ ਹੈ ਤਾਂ ਜ਼ਰੂਰੀ ਹੈ ਕਿ ਅਸੀਂ ਸਰਕਾਰ ਵੱਲੋਂ ਦਿੱਤੀਆਂ ਹਦਾਇਤਾਂ ਮੰਨੀਆਂ , ਜਿੰਨਾ ਵਿਚ ਮਾਸਕ, ਆਪਸੀ ਦੂਰੀ, ਹੱਥਾਂ ਦੀ ਸਫਾਈ ਆਦਿ ਪ੍ਰਮੁੱਖ ਹਨ। ਉਨਾਂ ਕਿਹਾ ਕਿ ਮੁੱਖ ਮੰਤਰੀ ਕੈਪਟਨ ਅਮਿਰੰਦਰ ਸਿੰਘ ਨੇ ਪੁਲਿਸ ਨੂੰ ਸਖਤ ਹਦਾਇਤਾਂ ਕੀਤੀਆਂ ਹਨ ਕਿ ਜੋ ਵਿਅਕਤੀ ਮਾਸਕ ਨਹੀਂ ਪਾਉਂਦਾ ਉਸਦਾ ਚਲਾਨ ਕੀਤਾ ਜਾਵੇ। ਉਨਾਂ ਕਿਹਾ ਕਿ ਘਰੋਂ ਬਾਹਰ ਜਨਤਕ ਸਥਾਨ ਜਿੰਨਾ ਵਿਚ ਸੜਕਾਂ, ਗਲੀਆਂ, ਹਸਪਤਾਲ, ਦਫਤਰ, ਬਾਜ਼ਾਰ ਆਦਿ ਸ਼ਾਮਿਲ ਹਨ, ਵਿਚ ਜਾਂਦੇ ਵਕਤ ਮਾਸਕ ਜ਼ਰੂਰ ਪਾਉ।

ਉਨਾਂ ਕਿਹਾ ਕਿ ਮਾਸਕ ਸਧਾਰਨ ਕੱਪੜੇ ਦਾ ਘਰ ਦਾ ਬਣਿਆ ਵੀ ਹੋ ਸਕਦਾ ਹੈ , ਜੋ ਕਿ ਧੋਣ ਯੋਗ ਹੋਵੇ। ਇਸ ਤੋਂ ਇਲਾਵਾ ਮਾਸਕ ਨਾ ਹੋਣ ਦੀ ਸੂਰਤ ਵਿਚ ਰੁਮਾਲ, ਦੁਪੱਟਾ, ਸਟੋਲ ਆਦਿ ਦੀ ਵਰਤੋਂ ਵੀ ਮੂੰਹ ਢੱਕਣ ਲਈ ਕੀਤੀ ਜਾ ਸਕਦੀ ਹੈ , ਪਰ ਇਹ ਕੱਪੜਾ ਮੂੰਹ ਅਤੇ ਨੱਕ ਢੱਕਦਾ ਹੋਣਾ ਚਾਹੀਦਾ ਹੈ। ਸ੍ਰੀ ਸੋਨੀ ਨੇ ਕਿਹਾ ਕਿ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਪੰਜਾਬੀਆਂ ਨੂੰ ਇਸ ਪ੍ਰਤੀ ਜਾਗਰੂਕ ਕਰਨ ਅਤੇ ਮਾਨਸਿਕ ਤੌਰ ਉਤੇ ਤਕੜਾ ਕਰਨ ਲਈ ਮਿਸ਼ਨ ਫ਼ਤਿਹ ਦੀ ਸ਼ੁਰੂਆਤ ਕੀਤੀ ਹੈ, ਜੋ ਕਿ ਕੋਵਿਡ ਵਿਰੁੱਧ ਜੰਗ ਜਿੱਤਣ ਦਾ ਸੂਚਕ ਹੈ, ਪਰ ਇਹ ਜੰਗ ਤਾਂ ਹੀ ਜਿੱਤੀ ਜਾਣੀ ਹੈ ਜੇਕਰ ਲੋਕ ਸਰਕਾਰ ਦਾ ਸਾਥ ਦੇਣ। ਇਸ ਮੌਕੇ ਉਨਾਂ ਨਾਲ ਸ੍ਰੀ ਵਿਕਾਸ ਸੋਨੀ, ਸ੍ਰੀ ਰਾਘਵ ਸੋਨੀ, ਕੌਂਸਲਰ ਸ੍ਰੀ ਸੁਰਿੰਦਰ ਕੁਮਾਰ ਸ਼ਿੰਦਾ, ਸ੍ਰੀ ਗਾਮਾ ਪ੍ਰਧਾਨ ਤੇ ਹੋਰ ਮੋਹਤਬਰ ਵੀ ਹਾਜ਼ਰ ਸਨ।

ਕੈਪਸ਼ਨ

ਮਾਤਾ ਵੈਸ਼ਨੋ ਦੇਵੀ ਮੇਘ ਧਰਮਸ਼ਾਲਾ ਦੇ ਵਿਕਾਸ ਲਈ ਪ੍ਰਬੰਧਕਾਂ ਨੂੰ 2 ਲੱਖ ਰੁਪਏ ਦਾ ਚੈਕ ਦਿੰਦੇ ਸ੍ਰੀ ਓ ਪੀ ਸੋਨੀ।

=============